ੴ ਵਾਹਿਗੁਰੂ ਜੀ ਕੀ ਫਤਹ॥ ਪਾਤਿਸ਼ਾਹੀ ੧੦॥

ਤ੍ਵ ਪ੍ਰਸਾਦਿ ਸਵੱਯੇ

ਦੀਨਨ ਕੀ ਪ੍ਰਤਿਪਾਲ ਕਰੈ ਨਿਤ ਸੰਤ ਉਬਾਰ ਗਨੀਮਨ ਗਾਰੈ ॥
ਪੱਛ ਪਸੂ ਨਗ ਨਾਗ ਨਰਾਧਪ ਸਰਬ ਸਮੈ ਸਭ ਕੋ ਪ੍ਰਤਿਪਾਰੈ ॥
ਪੋਖਤ ਹੈ ਜਲ ਮੈ ਥਲ ਮੈ ਪਲ ਮੈ ਕਲਿ ਕੇ ਨਹੀਂ ਕਰਮ ਬਿਚਾਰੈ ॥
ਦੀਨ ਦਇਆਲ ਦਇਆ ਨਿਧਿ ਦੋਖਨ ਦੇਖਤ ਹੈ ਪਰੁ ਦੇਤ ਨ ਹਾਰੈ ॥੧॥

ਦਾਹਤ ਹੈ ਦੁਖ ਦੋਖਨ ਕੌ ਦਲ ਦੁੱਜਨ ਕੇ ਪਲ ਮੈ ਦਲਿ ਡਾਰੈ ॥
ਖੰਡ ਅਖੰਡ ਪ੍ਰਚੰਡ ਪ੍ਰਹਾਰਨ ਪੂਰਨ ਪ੍ਰੇਮ ਕੀ ਪ੍ਰੀਤਿ ਸਭਾਰੈ ॥
ਪਾਰ ਨ ਪਾਇ ਸਕੈ ਪਦਮਾਪਤਿ ਬੇਦ ਕਤੇਬ ਅਭੇਦ ਉਚਾਰੈ ॥
ਰੋਜੀ ਹੀ ਰਾਜ ਬਿਲੋਕਤ ਰਾਜਿਕ ਰੋਖ ਰੂਹਾਨ ਕੀ ਰੋਜੀ ਨ ਟਾਰੈ ॥੨॥

ਕੀਟ ਪਤੰਗ ਕੁਰੰਗ ਭੁਜੰਗਮ ਭੂਤ ਭਵਿੱਖ ਭਵਾਨ ਬਨਾਏ ॥
ਦੇਵ ਅਦੇਵ ਖਪੇ ਅਹੰਮੇਵ ਨ ਭੇਵ ਲਖਿਓ ਭ੍ਰਮ ਸਿਓ ਭਰਮਾਏ ॥
ਬੇਦ ਪੁਰਾਨ ਕਤੇਬ ਕੁਰਾਨ ਹਸੇਬ ਥਕੇ ਕਰ ਹਾਥ ਨ ਆਏ ॥
ਪੂਰਨ ਪ੍ਰੇਮ ਪ੍ਰਭਾਉ ਬਿਨਾ ਪਤਿ ਸਿਓ ਕਿਨ ਸ੍ਰੀ ਪਦਮਾਪਤਿ ਪਾਏ ॥੩॥

ਆਦਿ ਅਨੰਤ ਅਗਾਧ ਅਦ੍ਵੈਖ ਸੁ ਭੂਤ ਭਵਿੱਖ ਭਵਾਨ ਅਭੈ ਹੈ ॥
ਅੰਤਿ ਬਿਹੀਨ ਅਨਾਤਮ ਆਪ ਅਦਾਗ ਅਦੋਖ ਅਛਿੱਦ੍ਰ ਅਛੈ ਹੈ ॥
ਲੋਗਨ ਕੇ ਕਰਤਾ ਹਰਤਾ ਜਲ ਮੈ ਥਲ ਮੈ ਭਰਤਾ ਪ੍ਰਭ ਵੈ ਹੈ ॥
ਦੀਨ ਦਇਆਲ ਦਇਆ ਕਰ ਸ੍ਰੀ ਪਤਿ ਸੁੰਦਰ ਸ੍ਰੀ ਪਦਮਾਪਤਿ ਏਹੈ॥੪॥

ਕਾਮ ਨ ਕ੍ਰੋਧ ਨ ਲੋਭ ਨ ਮੋਹ ਨ ਰੋਗ ਨ ਸੋਗ ਨ ਭੋਗ ਨ ਭੈ ਹੈ ॥
ਦੇਹ ਬਿਹੀਨ ਸਨੇਹ ਸਭੋ ਤਨ ਨੇਹ ਬਿਰਕਤ ਅਗੇਹ ਅਛੈ ਹੈ ॥
ਜਾਨ ਕੋ ਦੇਤ ਅਜਾਨ ਕੋ ਦੇਤ ਜਮੀਨ ਕੋ ਦੇਤ ਜਮਾਨ ਕੋ ਦੈਹੈ ॥
ਕਾਹੇ ਕੋ ਡੋਲਤ ਹੈ ਤੁਮਰੀ ਸੁਧ ਸੁੰਦਰ ਸ੍ਰੀ ਪਦਮਾਪਤਿ ਲੈਹੈ ॥੫॥

ਰੋਗਨ ਤੇ ਅਰੁ ਸੋਗਨ ਤੇ ਜਲ ਜੋਗਨ ਤੇ ਬਹੁ ਭਾਂਤਿ ਬਚਾਵੈ ॥
ਸਤ੍ਰ ਅਨੇਕ ਚਲਾਵਤ ਘਾਵ ਤਊ ਤਨਿ ਏਕ ਨ ਲਾਗਨ ਪਾਵੈ ॥
ਰਾਖਤ ਹੈ ਅਪਨੋ ਕਰ ਦੈ ਕਰ ਪਾਪ ਸੰਬੂਹ ਨ ਭੇਟਨ ਪਾਵੈ ॥
ਔਰ ਕੀ ਬਾਤ ਕਹਾ ਕਹ ਤੋ ਸੌ ਸੁ ਪੇਟ ਹੀ ਕੇ ਪਟ ਬੀਚ ਬਚਾਵੈ ॥੬॥

ਜੱਛ ਭੁਜੰਗ ਸੁ ਦਾਨਵ ਦੇਵ ਅਭੇਵ ਤੁਮੈ ਸਭ ਹੀ ਕਰ ਧਿਆਵੈ ॥
ਭੁਮਿ ਅਕਾਸ ਪਤਾਲ ਰਸਾਤਲ ਜੱਛ ਭੁਜੰਗ ਸਭੈ ਸਿਰ ਨਿਆਵੈਂ ॥
ਪਾਇ ਸਕੈ ਨਹੀ ਪਾਰ ਪ੍ਰਭਾ ਹੁ ਕੋ ਨੇਤ ਹੀ ਨੇਤਹ ਬੇਦ ਬਤਾਵੈ ॥
ਖੋਜ ਥਕੇ ਸਭ ਹੀ ਖੁਜੀਆ ਸੁਰ ਹਾਰ ਪਰੇ ਹਰਿ ਹਾਥਿ ਨ ਆਵੈ ॥੭॥

ਨਾਰਦ ਸੇ ਚਤੁਰਾਨਨ ਸੇ ਰੁਮਨਾਰਿਖ ਸੇ ਸਭ ਹੁੰ ਮਿਲਿ ਗਾਇਓ ॥
ਬੇਦ ਕਤੇਬ ਨ ਭੇਦ ਲਖਿਓ ਸਭ ਹਾਰ ਪਰੇ ਹਰਿ ਹਾਥ ਨ ਆਇਓ ॥
ਪਾਇ ਸਕੈ ਨਹੀ ਪਾਰ ਉਮਾਪਤਿ ਸਿੱਧ ਸਨਾਥ ਸਨੰਤਨ ਧਿਆਇਓ ॥
ਧਿਆਨ ਧਰੋ ਤਿਹ ਕੋ ਮਨ ਮੈਂ ਜਿਹ ਕੋ ਅਮਿਤੋਜਿ ਸਭੈ ਜਗ ਛਾਇਓ ॥੮॥

ਬੇਦ ਪੁਰਾਨ ਕਤੇਬ ਕੁਰਾਨ ਅਭੇਦ ਨ੍ਰਿਪਾਨ ਸਭੈ ਪਚਿਹਾਰੇ ॥
ਭੇਦ ਨ ਪਾਇ ਸਕਿਓ ਅਨਭੇਦ ਕੋ ਖੇਦਤ ਹੈ ਅਨਛੇਦ ਪੁਕਾਰੇ ॥
ਰਾਗ ਨ ਰੂਪ ਨ ਰੇਖ ਨ ਰੰਗ ਨ ਸਾਕ ਨ ਸੋਗ ਨ ਸੰਗਿ ਤਿਹਾਰੇ ॥
ਆਦਿ ਅਨਾਦਿ ਅਗਾਧਿ ਅਭੇਖ ਅਦ੍ਵੈਖ ਜਪਿਓ ਤਿਨਹੀ ਕੁਲ ਤਾਰੇ ॥੯॥

ਤੀਰਥ ਕੋਟ ਕੀਏ ਇਸਨਾਨ ਦੀਏ ਬਹੁ ਦਾਨ ਮਹਾ ਬ੍ਰਤ ਧਾਰੇ ॥
ਦੇਸ ਫਿਰਿਓ ਕਰ ਭੇਸ ਤਪੋ ਧਨ ਕੇਸ ਧਰੇ ਨ ਮਿਲੇ ਹਰਿ ਪਿਆਰੇ ॥
ਆਸਨ ਕੋਟ ਕਰੇ ਅਸਟਾਂਗ ਧਰੇ ਬਹੁ ਨਿਆਸ ਕਰੇ ਮੁਖ ਕਾਰੇ ॥
ਦੀਨ ਦਇਆਲ ਅਕਾਲ ਭਜੇ ਬਿਨੁ ਅੰਤ ਕੋ ਅੰਤ ਕੇ ਧਾਮ ਸਿਧਾਰੇ ॥੧੦॥

ਤ੍ਵ ਪ੍ਰਸਾਦਿ ॥ ਚੌਪਈ ॥

ਪ੍ਰਣਵੋ ਆਦਿ ਏਕੰਕਾਰਾ ॥ ਜਲ ਥਲ ਮਹੀਅਲ ਕੀਓ ਪਸਾਰਾ ॥
ਆਦਿ ਪੁਰਖ ਅਬਿਗਤ ਅਬਿਨਾਸੀ ॥ ਲੋਕ ਚਤ੍ਰੁਦਸ ਜੋਤਿ ਪ੍ਰਕਾਸੀ ॥੧॥

ਹਸਤ ਕੀਟ ਕੇ ਬੀਚ ਸਮਾਨਾ ॥ ਰਾਵ ਰੰਕ ਜਿਹ ਇਕ ਸਰ ਜਾਨਾ ॥
ਅਦ੍ਵੈ ਅਲਖ ਪੁਰਖ ਅਬਿਗਾਮੀ ॥ ਸਭ ਘਟ ਘਟ ਕੇ ਅੰਤਰਜਾਮੀ ॥੨॥

ਅਲਖ ਰੂਪ ਅਛੈ ਅਨਭੇਖਾ ॥ ਰਾਗ ਰੰਗ ਜਿਹ ਰੂਪ ਨ ਰੇਖਾ ॥
ਬਰਨ ਚਿਹਨ ਸਭਹੂੰ ਤੇ ਨਿਆਰਾ ॥ ਆਦਿ ਪੁਰਖ ਅਦ੍ਵੈ ਅਬਿਕਾਰਾ ॥੩॥

ਬਰਨ ਚਿਹਨ ਜਿੰਹ ਜਾਤਿ ਨ ਪਾਤਾ ॥ ਸੱਤ੍ਰ ਮਿੱਤ੍ਰ ਜਿੰਹ ਤਾਤ ਨ ਮਾਤਾ ॥
ਸਭ ਤੇ ਦੂਰਿ ਸਭਨ ਤੇ ਨੇਰਾ ॥ ਜਲ ਥਲ ਮਹੀਅਲਿ ਜਾਹਿ ਬਸੇਰਾ ॥੪॥

ਅਨਹਦ ਰੂਪ ਅਨਾਹਦ ਬਾਨੀ ॥ ਚਰਨ ਸਰਨ ਜਿਹ ਬਸਤ ਭਵਾਨੀ ॥
ਬ੍ਰਹਮਾ ਬਿਸਨ ਅੰਤੁ ਨਹੀ ਪਾਇਓ ॥ ਨੇਤ ਨੇਤ ਮੁਖ ਚਾਰ ਬਤਾਇਓ ॥੫॥

ਕੋਟਿ ਇੰਦ੍ਰ ਉਪਇੰਦ੍ਰ ਬਨਾਏ ॥ ਬ੍ਰਹਮਾ ਰੁਦ੍ਰ ਉਪਾਇ ਖਪਾਏ ॥
ਲੋਕ ਚੱਤ੍ਰ ਦਸ ਖੇਲ ਰਚਾਇਓ ॥ ਬਹੁਰਿ ਆਪ ਹੀ ਬੀਚ ਮਿਲਾਇਓ ॥੬॥

ਦਾਨਵ ਦੇਵ ਫਨਿੰਦ੍ਰ ਅਪਾਰਾ ॥ ਗੰਧ੍ਰਬ ਜਛ ਰਚੇ ਸੁਭਚਾਰਾ ॥
ਭੂਤ ਭਵਿਖ ਭਵਾਨ ਕਹਾਨੀ ॥ ਘਟ ਘਟ ਕੇ ਪਟ ਪਟ ਕੀ ਜਾਨੀ ॥੭॥

ਤਾਤ ਮਾਤ ਜਿਹ ਜਾਤ ਨ ਪਾਤਾ ॥ ਏਕ ਰੰਗ ਕਾਹੂ ਨਹੀ ਰਾਤਾ ॥
ਸਰਬ ਜੋਤਿ ਕੇ ਬੀਚ ਸਮਾਨਾ ॥ ਸਭਹੂੰ ਸਰਬ ਠੌਰ ਪਹਿਚਾਨਾ ॥੮॥

ਕਾਲ ਰਹਤ ਅਨਕਾਲ ਸਰੂਪਾ ॥ ਅਲਖ ਪੁਰਖ ਅਬਿਗਤ ਅਵਧੂਤਾ ॥
ਜਾਤ ਪਾਤ ਜਿਹ ਚਿਹਨ ਨ ਬਰਨਾ ॥ ਅਬਿਗਤ ਦੇਵ ਅਛੈ ਅਨਭਰਮਾ ॥੯॥

ਸਭ ਕੋ ਕਾਲ ਸਭਨ ਕੋ ਕਰਤਾ ॥ ਰੋਗ ਸੋਗ ਦੋਖਨ ਕੋ ਹਰਤਾ ॥
ਏਕ ਚਿਤ ਜਿਹ ਇਕ ਛਿਨ ਧਿਆਇਓ ॥ ਕਾਲ ਫਾਸ ਕੇ ਬੀਚ ਨ ਆਇਓ ॥੧੦॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥